ਪ੍ਰਭਾਤੀ ਮਹਲਾ ੫ ॥ਪ੍ਰਭ ਕੀ ਸੇਵਾ ਜਨ ਕੀ ਸੋਭਾ ॥ ਕਾਮ ਕ੍ਰੋਧ ਮਿਟੇ ਤਿਸੁ ਲੋਭਾ ॥ ਨਾਮੁ ਤੇਰਾ ਜਨ ਕੈ ਭੰਡਾਰਿ ॥ ਗੁਨ ਗਾਵਹਿ ਪ੍ਰਭ ਦਰਸ ਪਿਆਰਿ ॥ ੧॥ ਤੁਮਰੀ ਭਗਤਿ ਪ੍ਰਭ ਤੁਮਹਿ ਜਨਾਈ ॥ ਕਾਟਿ ਜੇਵਰੀ ਜਨ ਲੀਏ ਛਡਾਈ ॥ ੧॥ ਰਹਾਉ ॥ ਜੋ ਜਨੁ ਰਾਤਾ ਪ੍ਰਭ ਕੈ ਰੰਗਿ ॥ ਤਿਨਿ ਸੁਖੁ ਪਾਇਆ ਪ੍ਰਭ ਕੈ ਸੰਗਿ ॥ ਜਿਸੁ ਰਸੁ ਆਇਆ ਸੋਈਜਾਨੈ ॥ ਪੇਖਿ ਪੇਖਿ ਮਨ ਮਹਿ ਹੈਰਾਨੈ ॥੨॥ ਸੋ ਸੁਖੀਆ ਸਭ ਤੇ ਊਤਮੁ ਸੋਇ ॥ ਜਾ ਕੈ ਹ੍ਰਿਦੈ ਵਸਿਆ ਪ੍ਰਭੁ ਸੋਇ ॥ ਸੋਈ ਨਿਹਚਲੁ ਆਵੈ ਨ ਜਾਇ ॥ ਅਨਦਿਨੁ ਪ੍ਰਭ ਕੇ ਹਰਿ ਗੁਣ ਗਾਇ ॥ ੩॥ ਤਾ ਕਉ ਕਰਹੁ ਸਗਲ ਨਮਸਕਾਰੁ ॥ ਜਾ ਕੈ ਮਨਿ ਪੂਰਨੁ ਨਿਰੰਕਾਰੁ ॥ ਕਰਿ ਕਿਰਪਾ ਮੋਹਿ ਠਾਕੁਰ ਦੇਵਾ ॥ ਨਾਨਕੁ ਉਧਰੈ ਜਨ ਕੀ ਸੇਵਾ ॥ ੪॥੨॥ {ਪੰਨਾ 1338}

ਪਦ ਅਰਥ:- ਸੇਵਾ—ਭਗਤੀ। ਜਨ ਕੈ ਭੰਡਾਰਿ—ਸੇਵਕਾਂ ਦੇ ਖ਼ਜ਼ਾਨੇ ਵਿਚ। ਗਾਵਹਿ—ਗਾਂਦੇ ਹਨ (ਬਹੁ-ਵਚਨ)। ਦਰਸ ਪਿਆਰਿ—ਦਰਸਨ ਦੀ ਤਾਂਘ ਵਿਚ।1।

ਪ੍ਰਭ—ਹੇ ਪ੍ਰਭੂ! ਤੁਮਹਿ—ਤੂੰ (ਆਪ ਹੀ)। ਜਨਾਈ—ਸਮਝਾਈ, ਦੱਸੀ। ਕਾਟਿ—ਕੱਟ ਕੇ। ਜੇਵਰੀ—ਮੋਹ ਦੀ ਰੱਸੀ।1। ਰਹਾਉ।

ਕੈ ਰੰਗਿ—ਦੇ (ਪ੍ਰੇਮ-) ਰੰਗ ਵਿਚ। ਰਾਤਾ—ਰੰਗਿਆ ਹੋਇਆ। ਕੈ ਸੰਗਿ—ਦੇ ਨਾਲ। ਰਸੁ—ਸੁਆਦ। ਪੇਖਿ—ਵੇਖ ਕੇ। ਹੈਰਾਨੈ—ਵਿਸਮਾਦ-ਹਾਲਤ ਵਿਚ।2।

ਤੇ—ਤੋਂ। ਸੋਇ—ਉਹ ਹੀ। ਕੈ ਹ੍ਰਿਦੈ—ਹਿਰਦੇ ਵਿਚ। ਨਿਹਚਲੁ—ਅਡੋਲ-ਚਿੱਤ। ਆਵੈ ਨ ਜਾਇ—ਨਾਹ ਆਉਂਦਾ ਹੈ ਨਾਹ ਜਾਂਦਾ ਹੈ, ਭਟਕਦਾ ਨਹੀਂ। ਅਨਦਿਨੁ—ਹਰ ਰੋਜ਼।3।

ਕਉ—ਨੂੰ। ਸਗਲ—ਸਾਰੇ। ਜਾ ਕੈ ਮਨਿ—ਜਿਸ ਦੇ ਮਨ ਵਿਚ। ਮੋਹਿ—ਮੈਨੂੰ, ਮੇਰੇ ਉੱਤੇ। ਠਾਕੁਰ—ਹੇ ਠਾਕੁਰ! ਦੇਵਾ—ਹੇ ਦੇਵ! ਹੇ ਪ੍ਰਕਾਸ਼-ਰੂਪ! ਉਧਰੈ—(ਵਿਕਾਰਾਂ ਤੋਂ) ਬਚਿਆ ਰਹੇ।4।

ਅਰਥ:- ਹੇ ਪ੍ਰਭੂ! ਆਪਣੀ ਭਗਤੀ (ਆਪਣੇ ਸੇਵਕਾਂ ਨੂੰ) ਤੂੰ ਆਪ ਹੀ ਸਮਝਾਈ ਹੈ, (ਉਹਨਾਂ ਦੀ ਮੋਹ ਦੀ) ਫਾਹੀ ਕੱਟ ਕੇ ਆਪਣੇ ਸੇਵਕਾਂ ਨੂੰ ਤੂੰ ਆਪ ਹੀ (ਮਾਇਆ ਦੇ ਮੋਹ ਤੋਂ) ਬਚਾਇਆ ਹੈ।1। ਰਹਾਉ।

ਹੇ ਭਾਈ! ਪਰਮਾਤਮਾ ਦੀ ਭਗਤੀ ਨਾਲ ਪਰਮਾਤਮਾ ਦੇ ਭਗਤ ਦੀ ਵਡਿਆਈ (ਲੋਕ ਪਰਲੋਕ ਵਿਚ) ਹੁੰਦੀ ਹੈ, ਉਸ ਦੇ ਅੰਦਰੋਂ ਕਾਮ ਕ੍ਰੋਧ ਲੋਭ (ਆਦਿਕ ਵਿਕਾਰ) ਮਿਟ ਜਾਂਦੇ ਹਨ। ਹੇ ਪ੍ਰਭੂ! ਤੇਰਾ ਨਾਮ-ਧਨ ਤੇਰੇ ਭਗਤਾਂ ਦੇ ਖ਼ਜ਼ਾਨੇ ਵਿਚ (ਭਰਪੂਰ ਰਹਿੰਦਾ ਹੈ)। ਹੇ ਪ੍ਰਭੂ! ਤੇਰੇ ਭਗਤ ਤੇਰੇ ਦੀਦਾਰ ਦੀ ਤਾਂਘ ਵਿਚ ਤੇਰੇ ਗੁਣ ਗਾਂਦੇ ਰਹਿੰਦੇ ਹਨ।1।

ਹੇ ਭਾਈ! ਜਿਹੜਾ ਜਿਹੜਾ ਮਨੁੱਖ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਰੰਗਿਆ ਗਿਆ, ਉਹਨਾਂ ਨੇ ਪਰਮਾਤਮਾ ਦੇ (ਚਰਨਾਂ) ਨਾਲ (ਲੱਗ ਕੇ) ਆਤਮਕ ਆਨੰਦ ਪ੍ਰਾਪਤ ਕੀਤਾ, (ਪਰ ਉਸ ਆਨੰਦ ਨੂੰ ਬਿਆਨ ਨਹੀਂ ਕੀਤਾ ਜਾ ਸਕਦਾ) ਜਿਸ ਮਨੁੱਖ ਨੂੰ ਉਹ ਆਨੰਦ ਆਉਂਦਾ ਹੈ, ਉਹੀ ਉਸ ਨੂੰ ਜਾਣਦਾ ਹੈ, ਉਹ ਮਨੁੱਖ (ਪਰਮਾਤਮਾ ਦਾ) ਦਰਸਨ ਕਰ ਕਰ ਕੇ (ਆਪਣੇ) ਮਨ ਵਿਚ ਵਾਹ ਵਾਹ ਕਰ ਉੱਠਦਾ ਹੈ।2।

ਹੇ ਭਾਈ! ਜਿਸ (ਮਨੁੱਖ) ਦੇ ਹਿਰਦੇ ਵਿਚ ਉਹ ਪਰਮਾਤਮਾ ਆ ਵੱਸਦਾ ਹੈ, ਉਹ ਸੁਖੀ ਹੋ ਜਾਂਦਾ ਹੈ, ਉਹ ਹੋਰ ਸਭਨਾਂ ਨਾਲੋਂ ਸ੍ਰੇਸ਼ਟ ਜੀਵਨ ਵਾਲਾ ਹੋ ਜਾਂਦਾ ਹੈ। ਉਹ ਮਨੁੱਖ ਹਰ ਵੇਲੇ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ, ਉਹ ਸਦਾ ਅਡੋਲ ਚਿੱਤ ਰਹਿੰਦਾ ਹੈ, ਉਹ ਕਦੇ ਭਟਕਦਾ ਨਹੀਂ ਫਿਰਦਾ।3।

ਹੇ ਭਾਈ! ਜਿਸ (ਮਨੁੱਖ) ਦੇ ਮਨ ਵਿਚ ਪਰਮਾਤਮਾ ਆ ਵੱਸਦਾ ਹੈ, ਉਸ ਦੇ ਅੱਗੇ ਸਾਰੇ ਆਪਣਾ ਸਿਰ ਨਿਵਾਇਆ

ਕਰੋ। ਹੇ ਠਾਕੁਰ ਪ੍ਰਭੂ! ਹੇ ਪ੍ਰਕਾਸ਼-ਰੂਪ ਪ੍ਰਭੂ! ਮੇਰੇ ਉਤੇ ਮਿਹਰ ਕਰ, (ਤੇਰਾ ਸੇਵਕ) ਨਾਨਕ ਤੇਰੇ ਭਗਤ ਦੀ ਸਰਨ ਵਿਚ ਰਹਿ ਕੇ (ਵਿਕਾਰਾਂ ਤੋਂ) ਬਚਿਆ ਰਹੇ।4।2।